**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ :28-11-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਐਤਵਾਰ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਤੇ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਮਾਸਿਕ ਰੇਡੀਓ ਪ੍ਰੋਗਰਾਮ ਦਾ 128ਵਾਂ ਲੜੀਵਾਰ ਹੋਵੇਗਾ। ਇਹ ਪ੍ਰੋਗਰਾਮ ਪੂਰੇ ਆਕਾਸ਼ਵਾਣੀ ਤੇ ਦੂਰਦਰਸ਼ਨ ਨੈੱਟਵਰਕ, ਏ.ਆਈ.ਆਰ. ਨਿਊਜ਼ ਵੈੱਬਸਾਈਟ ਤੇ ਨਿਊਜ਼ ਓਨ AIR ਮੋਬਾਈਲ ਐਪ 'ਤੇ ਵੀ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ ਏ.ਆਈ.ਆਰ. ਨਿਊਜ਼, ਡੀ.ਡੀ. ਨਿਊਜ਼, ਪੀ.ਐਮ.ਓ. ਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਸਿੱਧਾ ਵੇਖਿਆ ਜਾ ਸਕੇਗਾ। ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਆਕਾਸ਼ਵਾਣੀ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

---------------------------------------------------------------------------------

ਕੇਂਦਰੀ ਰੇਲਵੇ ਤੇ ਸੂਚਨਾ, ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ

ਦਿੱਲੀ ਤੋਂ ਚੰਡੀਗੜ੍ਹ ਜਾਣ ਸਮੇਂ ਰੇਲਵੇ ਸਟਾਫ ਨਾਲ ਵਿਸ਼ਵ ਪੱਧਰ 'ਤੇ ਅਪਣਾਈਆਂ ਜਾ ਰਹੀਆਂ ਸਭ ਤੋਂ ਵਧੀਆ ਸਿਗਨਲ ਤੇ ਟਰੈਕ ਰੱਖ-ਰਖਾਅ ਪ੍ਰਕਿਰਿਆਵਾਂ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ । ਇਸ ਮੌਕੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਵੀ ਉਹਨਾਂ ਨਾਲ ਸਨ । ਸ੍ਰੀ ਵੈਸ਼ਨਵ ਨੇ ਸਟਾਫ ਨੂੰ ਬਿਹਤਰ ਸੁਰੱਖਿਆ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ । ਰਸਤੇ ਵਿਚ ਉਨ੍ਹਾਂ ਦਿੱਲੀ ਤੋਂ ਚੰਡੀਗੜ੍ਹ ਤੱਕ ਇੱਕ ਵਿੰਡੋ ਟ੍ਰੇਲਿੰਗ ਨਿਰੀਖਣ ਕੀਤਾ ਤੇ ਟਰੈਕ ਰੱਖ-ਰਖਾਅ ਕਰਨ ਵਾਲਿਆਂ, ਸਿਗਨਲ ਵਿਭਾਗ ਦੇ ਰੱਖ-ਰਖਾਅ ਸਟਾਫ ਤੇ ਹੋਰਨਾਂ ਨਾਲ ਵੀ ਗੱਲਬਾਤ ਕੀਤੀ । ਸ੍ਰੀ ਵੈਸ਼ਨਵ ਨੇ ਸਟਾਫ ਦੇ ਫੀਲਡ ਅਨੁਭਵਾਂ ਤੇ ਚੁਣੌਤੀਆਂ ਨੂੰ ਵੀ ਸੁਣਿਆ ਤੇ ਸਿਗਨਲਾਂ, ਰੀਲੇਅ, ਪੁਆਇੰਟਾਂ, ਟਰਨਆਉਟ, ਕਰਾਸਿੰਗ ਆਦਿ ਦੇ ਰੱਖ-ਰਖਾਅ ਬਾਰੇ ਗੱਲਬਾਤ ਕੀਤੀ । ਸ੍ਰੀ ਵੈਸ਼ਨਵ, ਜੋ ਕਿ ਪੰਜਾਬ ਦੇ ਇੱਕ ਦਿਨ ਦੇ ਦੌਰੇ 'ਤੇ ਨੇ, ਹੁਣ ਮੋਹਾਲੀ ਵਿਚ ਸੈਮੀ-ਕੰਡਕਟਰ ਪ੍ਰਯੋਗਸ਼ਾਲਾ ਦਾ ਦੌਰਾ ਕਰ ਰਹੇ ਨੇ ।

---

ਪੰਜਾਬ ਰਾਜ ਚੋਣ ਕਮਿਸ਼ਨ ਅੱਜ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਦਾ ਐਲਾਨ ਕਰੇਗਾ । ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਚੋਣਾਂ ਦਾ ਐਲਾਨ ਕਰਨਗੇ । ਚੋਣ ਕਮਿਸ਼ਨ ਦੇ ਐਲਾਨ ਦੇ

ਨਾਲ, ਇਹ ਉਮੀਦ ਕੀਤੀ ਜਾ ਰਹੀ ਏ  ਕਿ ਅੱਜ ਤੋਂ ਰਾਜ ਵਿੱਚ ਚੋਣ ਜ਼ਾਬਤਾ ਲਾਗੂ ਹੋ ਜਾਵੇਗਾ।

------------------------------------------------------------------------

ਰੰਗਲਾ ਪੰਜਾਬ ਯੋਜਨਾ' ਤਹਿਤ ਪਹਿਲੀ ਕਿਸ਼ਤ ਵਜੋਂ ਸੂਬੇ ਦੇ ਵੱਖ-ਵੱਖ ਹਿੱਸਿਆਂ ਦੇ ਵਿਕਾਸ ਲਈ 213 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ। ਇਸ ਸਬੰਧੀ ਬੀਤੇ ਦਿਨੀਂ  ਪ੍ਰੈਸ ਕਾਨਫਰੰਸ ਦੌਰਾਨ  ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 'ਰੰਗਲਾ ਪੰਜਾਬ ਯੋਜਨਾ' ਤਹਿਤ ਹਰੇਕ ਵਿਧਾਨ ਸਭਾ ਹਲਕੇ ਦੇ ਵਿਕਾਸ ਕਾਰਜਾਂ ਲਈ ਵਿਸ਼ੇਸ਼ ਤੌਰ 'ਤੇ 5 ਕਰੋੜ ਰੁਪਏ ਰੱਖੇ ਗਏ ਸਨ। ਵਿੱਤ ਮੰਤਰੀ ਨੇ ਦੱਸਿਆ ਕਿ ਫੰਡਾਂ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਵਿਧਾਇਕਾਂ ਤੇ ਅਧਿਕਾਰੀਆਂ 'ਤੇ ਆਧਾਰਿਤ ਕਮੇਟੀਆਂ ਬਣਾਈਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕਮੇਟੀਆਂ ਵਲੋਂ ਪੇਸ਼ ਕੀਤੇ ਗਏ ਪ੍ਰਸਤਾਵਾਂ ਦੇ ਆਧਾਰ 'ਤੇ, ਵੱਖ-ਵੱਖ ਪੰਚਾਇਤਾਂ ਨੂੰ 213 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਏ।

------------------------------------------------------------------------

ਪੰਜਾਬ ਪੁਲਿਸ ਨੇ ਅਪ੍ਰੈਲ 2022 ਤੋਂ ਹੁਣ ਤੱਕ 962 ਅੱਤਵਾਦੀ/ਅਪਰਾਧਕ ਮਾਡਿਊਲਾਂ ਦਾ ਪਰਦਾਫਾਸ਼ ਕਰਕੇ 24 ਗੈਂਗਸਟਰਾਂ/ਅਪਰਾਧੀਆਂ ਨੂੰ ਮਾਰ-ਮੁਕਾਇਆ ਤੇ 2536 ਨੂੰ

ਗ੍ਰਿਫਤਾਰ ਕੀਤਾ ਏ। ਇਹ ਜਾਣਕਾਰੀ ਪੰਜਾਬ ਪੁਲਿਸ ਮੁਖੀ ਡੀ.ਜੀ.ਪੀ. ਗੌਰਵ ਯਾਦਵ ਨੇ ਦਿੰਦਿਆਂ ਦੱਸਿਆ ਕਿ ਪੰਜਾਬ ਪੁਲਿਸ ਦੀਆਂ ਟੀਮਾਂ ਨੇ ਗ੍ਰਿਫ਼ਤਾਰ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 2086 ਹਥਿਆਰ, ਅਪਰਾਧਿਕ ਗਤੀਵਿਧੀਆਂ ਵਿੱਚ ਵਰਤੇ ਜਾ ਰਹੇ 564 ਵਾਹਨ, 79 ਕਿਲੋ ਹੈਰੋਇਨ ਅਤੇ 4.69 ਕਰੋੜ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ। ਉਨ੍ਹਾਂ ਦੱਸਿਆ ਕਿ ਇਸ ਮਿਆਦ ਦੌਰਾਨ ਪੁਲਿਸ ਪਾਰਟੀ ਤੇ ਅਪਰਾਧੀਆਂ ਦਰਮਿਆਨ ਘੱਟੋ-ਘੱਟ 324 ਵਾਰ ਦੋ-ਤਰਫ਼ਾ ਗੋਲੀਬਾਰੀ ਹੋਈ, ਜਿਸ ਦੌਰਾਨ ਪੁਲਿਸ ਨੇ 24 ਗੈਂਗਸਟਰਾਂ/ਅਪਰਾਧੀਆਂ ਨੂੰ ਮਾਰ-ਮੁਕਾਇਆ ਤੇ 515 ਗੈਂਗਸਟਰਾਂ/ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰ ਲਿਆ, ਜਿਨ੍ਹਾਂ ਵਿੱਚੋਂ ਕਾਰਵਾਈਆਂ ਦੌਰਾਨ 319 ਜ਼ਖਮੀ ਵੀ ਹੋਏ। ਡੀਜੀਪੀ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਇਨ੍ਹਾਂ ਕਾਰਵਾਈਆਂ ਦੌਰਾਨ ਸਾਡੇ ਤਿੰਨ ਸਾਥੀ ਵੀ ਸ਼ਹੀਦ ਹੋ ਗਏ, ਜਦੋਂ ਕਿ 41 ਪੁਲਿਸ ਮੁਲਾਜ਼ਮ ਜ਼ਖਮੀ ਹੋਏ।

----------------------------------------------------------------------------------

ਬਟਾਲਾ ਪੁਲਿਸ ਨੇ ਬਟਾਲਾ ਵਿੱਚ ਫਿਰੌਤੀ ਦੀ ਮੰਗ ਉਪਰੰਤ ਕੀਤੀ ਗੋਲੀਬਾਰੀ ਦੀ ਘਟਨਾ ਵਿਚ ਸ਼ਾਮਲ ਗੈਂਗਸਟਰ ਨਿਸ਼ਾਨ ਜੋਰੀਆਂ ਦੇ ਇੱਕ ਮੁੱਖ ਸਾਥੀ ਨੂੰ ਇੱਕ ਪਿਸਤੌਲ ਸਮੇਤ ਗ੍ਰਿਫਤਾਰ ਕੀਤਾ ਏ। ਪੁਲਿਸ ਸੂਤਰਾਂ ਮੁਤਾਬਿਕ ਗ੍ਰਿਫ਼ਤਾਰ ਮੁਲਜ਼ਮ ਨੇ ਆਪਣੇ ਸਾਥੀ ਨਾਲ ਮਿਲ ਕੇ

21 ਨਵੰਬਰ ਨੂੰ ਬਟਾਲਾ ਦੇ ਇੱਕ ਮੋਬਾਈਲ ਸਟੋਰ ’ਤੇ ਗੈਂਗਸਟਰ ਨਿਸ਼ਾਨ ਜੋਰੀਆਂ ਦੇ ਨਾਂ ’ਤੇ 2 ਕਰੋੜ ਰੁਪਏ ਦੀ ਫਿਰੌਤੀ ਮੰਗਣ ਤੋਂ ਬਾਅਦ ਗੋਲੀਬਾਰੀ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਚ ਫਿਰੌਤੀ ਦੀ ਸਾਜ਼ਿਸ਼ ਦੇ ਪਿੱਛੇ ਹੈਂਡਲਰਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਏ।

---------------------------------------------------------------------------------

6ਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਪੰਜਾਬ ਸਰਕਾਰ ਨੇ ਨਵੀਂ ਦਿੱਲੀ ਵਿਖੇ ਖਾੜੀ ਸਹਿਯੋਗ ਪ੍ਰੀਸ਼ਦ (ਜੀ.ਸੀ.ਸੀ.) ਦੇਸ਼ਾਂ ਤੇ ਸੁਤੰਤਰ ਰਾਜਾਂ ਦੇ ਰਾਸ਼ਟਰਮੰਡਲ (ਸੀ.ਆਈ.ਐਸ.) ਖੇਤਰ ਦੇ ਰਾਜਦੂਤਾਂ ਨਾਲ ਦੋ ਗੋਲਮੇਜ਼ ਮੀਟਿੰਗਾਂ ਕੀਤੀਆਂ। ਮੀਟਿੰਗਾਂ ਦੀ ਪ੍ਰਧਾਨਗੀ ਉਦਯੋਗ, ਵਣਜ ਤੇ ਨਿਵੇਸ਼ ਮੰਤਰੀ  ਸੰਜੀਵ ਅਰੋੜਾ ਨੇ ਕੀਤੀ। ਮੀਟਿੰਗਾਂ ਵਿੱਚ ਰਾਜਦੂਤਾਂ, ਸੀਨੀਅਰ ਕੂਟਨੀਤਕ ਨੁਮਾਇੰਦਿਆਂ, ਵਿਦੇਸ਼ ਮੰਤਰਾਲੇ ਦੇ ਅਧਿਕਾਰੀਆਂ ਤੇ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨੇ ਹਿੱਸਾ ਲਿਆ। ਮੀਟਿੰਗਾਂ ਵਿੱਚ ਕੁਵੈਤ, ਓਮਾਨ, ਕਤਰ, ਕਜ਼ਾਕਿਸਤਾਨ, ਰੂਸ, ਅਰਮੀਨੀਆ, ਬੇਲਾਰੂਸ ਤੇ ਬਹਿਰੀਨ ਦੇ ਰਾਜਦੂਤਾਂ ਨੇ ਸ਼ਿਰਕਤ ਕੀਤੀ। ਰਾਜਦੂਤਾਂ ਨੇ ਪੰਜਾਬ ਦੀਆਂ ਨਿਰਮਾਣ ਸਮਰੱਥਾਵਾਂ, ਹੁਨਰਮੰਦ ਕਾਰਜਬਲ ਤੇ ਉੱਦਮੀ ਅਧਾਰ

ਤੇ ਜੀ.ਸੀ.ਸੀ. ਦੀਆਂ ਆਰਥਿਕ ਵਿਭਿੰਨਤਾ ਦਰਮਿਆਨ ਮਜ਼ਬੂਤ ਸਬੰਧਾਂ ਦਾ ਜ਼ਿਕਰ ਕੀਤਾ।

**ਇਸ ਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ**

**ਸਾਡਾ ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗਏ 1 ਵੱਜ ਕੇ 40 ਮਿੰਟ ਤੇ**

**ਨਮਸਕਾਰ**